14

# TRANSLATION FROM PUNJABI TO ENGLISH

No.3/46/2014-3c3/247930/1
Punjab Government
Education Department
( Education – 3 Section )

To

Principal
D.A.V. Modle Sr. Sen. School
Kurali ( S.A.S.Nager)

Dated Chandigarh 19/6/2014

Subject :- Regarding No Objection Certificate to D.A.V. Modle Sen. Sr. School Kurali ( S.A.S.Nager ) for attaing affiliation with C.B.S.E. New Delhi.

*****

Sir,

Reference to the aforestaed subject.

2 As per the documents provided by your school management along with affidavit,and as per the recommendation of District Education Officer ( Sr.Sen.) kurali and Director Education Department ( Sr.Sen.), Punjab ,Chandigarh after considering the case thoroughly the Punjab Government hereby issue th No objection Certificate under the terms and condition as under :-

1 If in future during the insepection any complaint this fact is found that you have furnished wrong information for obtaing No Objection Certificate and you hve not complying with the instruction of the Government of Punjab time to time and you are not going to abide by the terms mentioned in the affidavit,in that event this No Objection Certificate shall be withdrawn at any time.

2 That shall be essential to provide Punjab Educaton in the School upto 12th Standard and C.B.S.E. Delhi shall arrange to onduct the examination of Punjabi and it is also stated that if it is not bing done then this No Objection Certificate shall be withdraw immediate effect.

3 That after obtaining the affillation with C.B.S.E. Delhi, the school management shall pay the salary and other emolument to the teaching staff and non teaching staff as per Government employees standards,if these are not providd in that event this No Objection Certificate shall be withdrawn with immediate effect.

4 Your management and yourself will assure that the Distrit Education Officer of your district or ny senior officer of the Education Department shall require any information and shall cooperate accordingly.

SD/-
Special Secretary School Education

Contd........2

2021 09 11 09:5

Endst No. 3/46/2014-3c3/ dated,Chandigarh

Copy to Director Education Dedparment (Sr.Sec.) Punjab ,Chandigarh,refer to their memo No 15/18-2014/grant1/225 dated 28/2/2014 And requested that the inspection shall be made positively in the school minimum once in five years and inspecton report should b forwarded to the Government so that it may remain in knowledge that the concerned school is ging to comply with the instruction of Government of Punjab properly or not.

2 D.A.V.Modle Sr.Sec.School kurali ( S.A.S.Nager ) along with the file in original.

( Enclosed file )

SD/-

Special Secretary School Education

14

ਨੰ:3/46/2014-3ਸਿ3/ 247930/1

# ਪੰਜਾਬ ਸਰਕਾਰ
## ਸਿੱਖਿਆ ਵਿਭਾਗ
### (ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਡੀ.ਏ.ਵੀ. ਮਾਡਲ ਸਕੂਲ ਸੀਨੀਅਰ ਸੈਕੰਡਰੀ ਸਕੂਲ,
ਕੁਰਾਲੀ,
ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ।

ਮਿਤੀ, ਚੰਡੀਗੜ੍ਹ: 19-6-14

ਵਿਸ਼ਾ: ਡੀ.ਏ.ਵੀ. ਮਾਡਲ ਸਕੂਲ ਸੀਨੀਅਰ ਸੈਕੰਡਰੀ ਸਕੂਲ ਕੁਰਾਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸਾਹਿਬਜਾਦਾ ਅਜੀਤ ਸਿੰਘ ਨਗਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

2021.09.11 09

4. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

6. ਇਹ ਇਤਰਾਜਹੀਨਤਾ ਸਰਟੀਫਿਕੇਟ ਆਪ ਨੂੰ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਆਪ ਆਪਣੇ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ (ਸਾਲ 2014-15) ਦਫਤਰ ਨੂੰ ਦੋ ਮਹੀਨੇ ਦੇ ਅੰਦਰ-ਅੰਦਰ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਪਿ:ਅੰ:ਨੰ: 3/46/2014-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/18-2014-ਗ੍ਰਾਂਟ1(4)/225, ਮਿਤੀ 28.2.2014 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. **ਡੀ.ਏ.ਵੀ. ਮਾਡਲ ਸਕੂਲ ਸੀਨੀਅਰ ਸੈਕੰਡਰੀ ਸਕੂਲ ਕੁਰਾਲੀ, ਜਿਲ੍ਹਾ ਸਾਹਿਬਜਾਦਾ ਅਜੀਤ ਸਿੰਘ ਨਗਰ** ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਅੰਦਰੂਨੀ ਵੰਡ:**

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਕੱਤਰ/ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ।